**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :18-11-2025**

**ਪਹਿਲਾ ਬੁਲੇਟਿਨ ਦੀਆ ਖ਼ਾਸ ਖਬਰਾਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਾਣੀ ਦੀ ਉਪਲਬਧਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰਿਆਂ ਨੂੰ ਰਲ ਕੇ ਕੰਮ ਕਰਨ ਦੀ ਅਪੀਲ ਕੀਤੀ ਏ।

- ਫਸਲ ਨੂੰ ਜੰਗਲੀ ਜਾਨਵਰਾਂ ਦੇ ਹਮਲਿਆਂ ਅਤੇ ਪਾਣੀ ਕਾਰਨ ਹੋਣ ਵਾਲੇ ਨੁਕਸਾਨ ਨੂੰ ਹੁਣ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਹੇਠ ਲਿਆਂਦਾ ਗਿਆ.

- ਨਸ਼ਾ ਮੁਕਤ ਭਾਰਤ ਅਭਿਆਨ ਦੇ ਪੰਜ ਸਾਲ ਪੂਰੇ ਹੋਣ 'ਤੇ ਵਿਸ਼ੇਸ਼ ਸਮਾਗਮ ਅਮ੍ਰਿਤਸਰ 'ਚ ਆਯੋਜਿਤ. ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਕੇਂਦਰੀ ਮੰਤਰੀ ਡਾ. ਵਰਿੰਦਰ ਕੁਮਾਰ ਨੇ ਸਮਾਗਮ 'ਚ ਕੀਤੀ ਸ਼ਿਰਕਤ.
- ਦੇਸ਼ ਦਾ ਪਹਿਲਾ ਐਸ.ਸੀ. ਕਮਿਸ਼ਨ ਕੋਰਟ ਰੂਮ ਚੰਡੀਗੜ੍ਹ 'ਚ ਸ਼ੁਰੂ ਹੋਣ ਨਾਲ ਪੰਜਾਬ ਨੇ ਰਚਿਆ ਇਤਿਹਾਸ.

- ਪੰਜਾਬ ਦੀਆਂ ਮੰਡੀਆਂ ਵਿੱਚ ਸੁਚਾਰੂ ਅਤੇ ਢੁਕਵੇਂ ਬੁਨਿਆਦੀ ਢਾਂਚੇ ਸਦਕਾ ਝੋਨੇ ਦੀ ਚੁਕਾਈ ਦਾ ਅੰਕੜਾ 150 ਲੱਖ ਮੀਟਰਿਕ ਟਨ ਨੂੰ ਪਾਰ ਕਰ ਗਿਆ ਏ।

**ਹੁਣ ਖਬਰਾਂ ਵਿਸਥਾਰ ਨਾਲ**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਾਣੀ ਦੀ ਉਪਲਬਧਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰਿਆਂ ਨੂੰ ਰਲ ਕੇ ਕੰਮ ਕਰਨ ਦੀ ਅਪੀਲ ਕੀਤੀ ਏ। ਉਨ੍ਹਾਂ ਕਿਹਾ ਕਿ ਜਲਵਾਯੂ ਤਬਦੀਲੀ, ਅਜੋਕੇ ਸਮੇਂ'ਚ ਪਾਣੀ ਦੇ ਚੱਕਰ ਨੂੰ ਪ੍ਰਭਾਵਤ ਕਰ ਰਹੀ ਏ। ਅੱਜ ਨਵੀਂ ਦਿੱਲੀ ਵਿੱਚ ਛੇਵੇਂ ਰਾਸ਼ਟਰੀ ਜਲ ਪੁਰਸਕਾਰ 2024 ਅਤੇ ਪਹਿਲੇ ਜਲ ਸੰਚਯ ਜਨ ਭਾਗੀਦਾਰੀ ਪੁਰਸਕਾਰ ਦੇ ਪੇਸ਼ਕਾਰੀ ਸਮਾਰੋਹ ਵਿਖੇ ਬੋਲਦਿਆਂ, ਰਾਸ਼ਟਰਪਤੀ ਨੇ ਦੇਸ਼ ਦੇ ਸੀਮਤ ਜਲ ਵਸੀਲਿਆਂ ਨੂੰ ਦੇਖਦੇ ਹੋਏ ਪਾਣੀ ਦੀ ਕੁਸ਼ਲ ਵਰਤੋਂ

ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਸ਼ੁਰੂ ਕੀਤੇ ਗਏ ਧਰਤੀ ਹੇਠਾਂ ਪਾਣੀ ਨੂੰ ਮੁੜ ਇਕਠਾ ਲਈ ਜਲ ਸੰਚਯ ਜਨ ਭਾਗੀਦਾਰੀ ਪ੍ਰੋਗਰਾਮ ਤਹਿਤ ਜ਼ਮੀਨ ਹੇਠਲੇ 35 ਲਖ ਤੋਂ ਵੱਧ ਢਾਂਚੇ ਬਣਾਏ ਗਏ ਨੇ-

byte

ਰਾਸ਼ਟਰਪਤੀ ਨੇ ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਨੂੰ ਉਨ੍ਹਾਂ ਦੇ ਪਾਣੀ ਦੀ ਸੰਭਾਲ ਦੇ ਯਤਨਾਂ ਲਈ ਵਧਾਈ ਦਿੱਤੀ।

ਜਲ ਸ਼ਕਤੀ ਮੰਤਰੀ ਸੀ.ਆਰ. ਪਾਟਿਲ, ਜਲ ਸ਼ਕਤੀ ਰਾਜ ਮੰਤਰੀ ਵੀ. ਸੋਮੰਨਾ ਅਤੇ ਰਾਜ ਭੂਸ਼ਣ ਚੌਧਰੀ ਵੀ ਇਸ ਮੌਕੇ ਮੌਜੂਦ ਸਨ। ਦਸ ਸ਼੍ਰੇਣੀਆਂ ਵਿੱਚ 46 ਜੇਤੂਆਂ ਨੂੰ ਪੁਰਸਕਾਰ ਪ੍ਰਦਾਨ ਕੀਤੇ ਗਏ.

---------------------------------------------------

ਫਸਲ ਨੂੰ ਜੰਗਲੀ ਜਾਨਵਰਾਂ ਦੇ ਹਮਲਿਆਂ ਅਤੇ ਪਾਣੀ ਕਾਰਨ ਹੋਣ ਵਾਲੇ ਨੁਕਸਾਨ ਨੂੰ ਹੁਣ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਤਹਿਤ ਲਿਆਂਦਾ ਗਿਆ ਏ। ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਨੇ ਕਿਹਾ ਏ ਕਿ ਸੋਧੇ ਹੋਏ ਢਾਂਚੇ ਤਹਿਤ, ਜੰਗਲੀ ਜਾਨਵਰਾਂ ਦੇ ਹਮਲੇ ਕਾਰਨ ਹੋਣ ਵਾਲੇ ਫਸਲ ਦੇ ਨੁਕਸਾਨ ਨੂੰ ਹੁਣ ਸਥਾਨਕ ਜੋਖਮ ਸ਼੍ਰੇਣੀ ਤਹਿਤ ਪੰਜਵੇਂ ਐਡ-ਆਨ ਕਵਰ ਵਜੋਂ ਮਾਨਤਾ ਦਿੱਤੀ ਜਾਵੇਗੀ, ਜਦੋਂ ਕਿ, ਸਥਾਨਕ ਆਫ਼ਤ ਤਹਿਤ ਫਸਲ ਦੇ ਡੁੱਬਣ ਨੂੰ ਦੁਬਾਰਾ ਪੇਸ਼ ਕੀਤਾ ਗਿਆ ਏ। ਮੰਤਰਾਲੇ ਨੇ ਕਿਹਾ ਕਿ, ਰਾਜ ਫਸਲਾਂ ਦੇ ਨੁਕਸਾਨ ਲਈ ਜ਼ਿੰਮੇਵਾਰ ਜੰਗਲੀ ਜਾਨਵਰਾਂ ਦੀ ਸੂਚੀ ਨੂੰ NOTIFY ਕਰਨਗੇ ਅਤੇ ਇਤਿਹਾਸਕ ਡੇਟਾ ਦੇ ਅਧਾਰ 'ਤੇ ਕਮਜ਼ੋਰ ਜ਼ਿਲ੍ਹਿਆਂ ਦੀ ਪਛਾਣ ਕਰਨਗੇ। ਇਸ ਵਿੱਚ ਕਿਹਾ ਗਿਆ ਏ ਕਿ ਕਿਸਾਨਾਂ ਨੂੰ ਜੀਓਟੈਗ ਕੀਤੀਆਂ ਫੋਟੋਆਂ ਅਪਲੋਡ ਕਰਕੇ ਫਸਲ ਬੀਮਾ ਐਪ ਦੀ ਵਰਤੋਂ ਕਰਕੇ 72 ਘੰਟਿਆਂ ਦੇ ਅੰਦਰ ਨੁਕਸਾਨ ਦੀ ਸ਼ਿਕਾਇਤ ਕਰਨੀ ਹੋਵੇਗੀ। ਇਹ ਫੈਸਲਾ ਸਾਉਣੀ 2026 ਤੋਂ ਲਾਗੂ ਕੀਤਾ ਜਾਵੇਗਾ।

---------------------------------------------------

ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਕੇਂਦਰੀ ਮੰਤਰਾਲੇ ਨੇ ਅੱਜ ਪੰਜਾਬ ਦੇ ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਪੰਜ ਸਾਲ ਪੂਰੇ ਹੋਣ ਦਾ ਪ੍ਰੋਗਰਾਮ ਕਰਾਇਆ ਇਸ ਸਮਾਗਮ ਦੀ ਅਗਵਾਈ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਕੇਂਦਰੀ ਸਮਾਜਿਕ ਨਿਆਂ ਅਤੇ ਅਧਿਕਾਰਾਂ ਬਾਰੇ ਮੰਤਰੀ ਡਾ. ਵਰਿੰਦਰ ਕੁਮਾਰ ਅਤੇ ਕੇਂਦਰ ਅਤੇ ਰਾਜ ਦੇ ਹੋਰ ਪਤਵੰਤਿਆਂ ਨੇ ਕੀਤੀ. ਸੈਂਕੜੇ ਨੌਜਵਾਨਾਂ ਅਤੇ ਹੋਰਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ, ਡਾ. ਕੁਮਾਰ ਨੇ ਕਿਹਾ ਕਿ 7 ਕਰੋੜ ਤੋਂ ਵੱਧ ਨੌਜਵਾਨਾਂ, 5 ਕਰੋੜ ਔਰਤਾਂ, ਅਤੇ 16 ਲੱਖ ਵਿਦਿਅਕ ਸੰਸਥਾਵਾਂ ਅਤੇ 20 ਹਜ਼ਾਰ ਮਾਸਟਰ ਟ੍ਰੇਨਰਾਂ ਦੀ ਮਦਦ ਨਾਲ ਦੇਸ਼ ਭਰ ਵਿੱਚ 23 ਕਰੋੜ ਤੋਂ ਵੱਧ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰਿਆਂ ਨੇ

ਜਾਗਰੂਕਤਾ ਲਈ ਇੱਕਜੁੱਟ ਹੋ ਕੇ ਕੰਮ ਕੀਤਾ ਏ । ਸ੍ਰੀ ਕੁਮਾਰ ਨੇ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਵਧੇਰੇ ਜਾਗਰੂਕਤਾ ਫੈਲਾਉਣ ਲਈ ਯੂਨੀਵਰਸਿਟੀਆਂ ਵਿੱਚ ਉਨ੍ਹਾਂ ਵਲੋਂ ਬਣਾਏ ਗਏ ਸੰਗੀਤ ਬੈਂਡਾਂ ਦੀ ਵਰਤੋਂ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਅੱਜ 28 ਰਾਜਾਂ ਵਿੱਚ ਇਹੀ ਪ੍ਰੋਗਰਾਮ ਕਰਾਏ ਜਾ ਰਹੇ ਨੇ. ਸਾਡੇ ਪੱਤਰਕਾਰ ਨੇ ਦਸਿਆ ਏ ਏ ਕਿ ਮੰਤਰੀ ਨੇ ਦੇਸ਼ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਏ ਕਿ ਉਹ ਇੱਕ ਆਪਣੇ ਆਪ ਵਿਚ ਮਜ਼ਬੂਤ ਰਾਸ਼ਟਰ ਲਈ ਨਸ਼ਿਆਂ ਦੀ ਲਤ ਦੇ ਸ਼ਿਕਾਰ ਲੋਕਾਂ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਬਾਹਰ ਕੱਢਣ। ਉਨ੍ਹਾਂ ਪੰਜਾਬ ਦੇ ਨੌਜਵਾਨਾਂ ਨੂੰ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਦੇਸ਼ ਦੀ ਅਗਵਾਈ ਕਰਨ ਲਈ ਕਿਹਾ-

byte

ਉਨ੍ਹਾਂ ਨਸ਼ਿਆਂ ਦੀ ਵਰਤੋਂ ਵਿਰੁੱਧ ਸਹੁੰ ਵੀ ਚੁਕਾਈ। ਰਾਜਪਾਲ, ਸ੍ਰੀ ਕਟਾਰੀਆ ਅਤੇ ਕੇਂਦਰੀ ਮੰਤਰੀ, ਸ੍ਰੀ ਕੁਮਾਰ ਨੇ NMBA ਪੋਰਟਲ 2.0,NMBA ਮੋਬਾਈਲ ਐਪਲੀਕੇਸ਼ਨ Integrated Drug Addiction Monitoring System (IDAMS) ਪੋਰਟਲ ਅਤੇ National Drugs Survey Portal ਵੀ ਲਾਂਚ ਕੀਤਾ। ਇਸ ਪ੍ਰੋਗਰਾਮ ਦਾ ਉਦੇਸ਼ ਵੱਡੇ ਪੱਧਰ 'ਤੇ ਨੌਜਵਾਨਾਂ ਅਤੇ ਨਾਗਰਿਕਾਂ ਨੂੰ, ਨਸ਼ਿਆਂ ਤੋਂ ਦੂਰ ਰਹਿਣ ਅਤੇ ਇੱਕ ਸਿਹਤਮੰਦ, ਮੁੱਲ-ਅਧਾਰਤ ਜੀਵਨ ਜਾਚ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ। ਇਹ ਮੁਹਿੰਮ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰੇਗਾ, ਭਾਈਚਾਰਕ ਹਿੱਸੇਦਾਰੀ ਜੁਟਾਏਗਾ, ਅਤੇ ਨਸ਼ਾ-ਮੁਕਤ ਸਮਾਜ ਦੇ ਨਿਰਮਾਣ ਲਈ ਸਮੂਹਿਕ ਯਤਨਾਂ ਨੂੰ ਮਜ਼ਬੂਤ ਕਰੇਗਾ। ਨਸ਼ਾ ਮੁਕਤ ਭਾਰਤ ਅਭਿਆਨ 15 ਅਗਸਤ, 2020 ਨੂੰ ਰੋਕਥਾਮ, ਇਲਾਜ ਅਤੇ ਮੁੜ੍ਹਵਸੇਬੇ ਨਾਲ ਜੁੜੀ ਤਿੰਨ-ਪੱਖੀ ਰਣਨੀਤੀ ਰਾਹੀਂ, ਨਸ਼ਿਆਂ ਦੀ ਦੁਰਵਰਤੋਂ ਦੇ ਮੁੱਦੇ ਨੂੰ ਹੱਲ ਕਰਨ ਲਈ ਸ਼ੁਰੂ ਕੀਤਾ ਗਿਆ ਸੀ।

-----------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਨਵੇਂ ਬਣੇ ਕੋਰਟ ਦਾ ਅੱਜ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਅਤੇ ਸਮਾਜਿਕ ਨਿਆਂ, ਅਧਿਕਾਰਾਂ ਅਤੇ ਘੱਟ ਗਿਣਤੀ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਸ੍ਰੀ ਵੀ. ਕੇ. ਮੀਨਾ, ਵੱਲੋਂ ਰਸਮੀ ਢੰਗ ਨਾਲ ਉਦਘਾਟਨ ਕੀਤਾ ਗਿਆ। ਇਸ ਨਾਲ ਅਨੁਸੂਚਿਤ ਜਾਤੀਆਂ ਦੇ ਹੱਕਾਂ ਦੀ ਰੱਖਿਆ ਅਤੇ ਨਿਆਂ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਵੱਲ ਮਹੱਤਵਪੂਰਨ ਕਦਮ ਚੁੱਕਿਆ ਗਿਆ ਏ । ਇਸ ਕੋਰਟ ਰੂਮ ਦੀ ਵਿਸ਼ੇਸ਼ਤਾ ਇਹ ਏ ਕਿ ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦਾ ਇਹ ਨਵਾਂ ਕੋਰਟ ਰੂਮ—ਪੂਰੇ ਦੇਸ਼ ਵਿੱਚ ਕਿਸੇ ਵੀ ਰਾਜ ਦੇ S. C.ਕਮਿਸ਼ਨ ਹੇਠ ਬਣਿਆ ਸਭ ਤੋਂ

ਪਹਿਲਾ ਕੋਰਟ ਰੂਮ ਏ। ਇਹ ਇਤਿਹਾਸਕ ਕਦਮ ਨਿਆਂ ਦੀ ਪਹੁੰਚ ਨੂੰ ਮਜ਼ਬੂਤ ਬਣਾਉਂਦਾ ਏ ਅਤੇ ਹੋਰ ਰਾਜਾਂ ਲਈ ਇਕ ਨਵੀਂ ਪ੍ਰੇਰਣਾ ਏ। ਇਸ ਮੌਕੇ ਚੇਅਰਮੈਨ ਸ. ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਨਵਾਂ ਕੋਰਟ ਸ਼ਿਕਾਇਤਾਂ ਦੀ ਤੇਜ਼ ਸੁਣਵਾਈ, ਮਾਮਲਿਆਂ ਦੇ ਸਮੇਂ-ਸਿਰ ਨਿਪਟਾਰੇ ਅਤੇ ਕਮਿਸ਼ਨ ਦੇ ਕੰਮਕਾਜ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪਹੁੰਚ ਅਨੁਸੂਚਿਤ ਜਾਤੀਆਂ ਦੇ ਹੱਕਾਂ ਅਤੇ ਸਮਾਨਤਾ ਦੀ ਰਾਖੀ ਕਰਨ ਲਈ ਬਹੁਤ ਮਹੱਤਵਪੂਰਨ ਏ।

--------------------------------------------------

ਪੰਜਾਬ ਦੀਆਂ ਮੰਡੀਆਂ ਵਿੱਚ ਸੁਚਾਰੂ ਅਤੇ ਢੁਕਵੇਂ ਬੁਨਿਆਦੀ ਢਾਂਚੇ ਸਦਕਾ ਝੋਨੇ ਦੀ ਚੁਕਾਈ ਦਾ ਅੰਕੜਾ 150 ਲੱਖ ਮੀਟਰਿਕ ਟਨ ਨੂੰ ਪਾਰ ਕਰ ਗਿਆ ਏ। ਇਸ ਤੋਂ ਪਹਿਲਾਂ, ਝੋਨੇ ਆਮਦ ਅਤੇ ਖਰੀਦ ਦੋਵੇਂ ਹੀ 150 ਲੱਖ ਮੀਟਰਿਕ ਟਨ ਦੇ ਅੰਕੜੇ ਨੂੰ ਪਾਰ ਕਰ ਗਏ ਸਨ। ਝੋਨੇ ਦੀ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਵਿਚ ਕੋਈ ਕਸਰ ਨਾ ਛੱਡਦੇ ਹੋਏ, ਪੰਜਾਬ ਸਰਕਾਰ ਦੀ ਸਰਗਰਮ ਪਹੁੰਚ ਕਾਰਨ 17 ਨਵੰਬਰ ਤੱਕ 11 ਲੱਖ ਤੋਂ ਵੱਧ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ (MSP) ਦਾ ਲਾਭ ਮਿਲਿਆ ਏ। ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ, ਖਰੀਦ, ਲਿਫਟਿੰਗ ਅਤੇ ਅਦਾਇਗੀ ਪੂਰੇ ਜੋਰਾਂ-ਸ਼ੋਰਾਂ ਨਾਲ ਚੱਲ ਰਹੀ ਏ। ਹੁਣ ਤੱਕ 96 ਹਜ਼ਾਰ 920 ਕਿਸਾਨਾਂ ਨੂੰ MSP ਦਾ ਲਾਭ ਪ੍ਰਾਪਤ ਹੋਣ ਨਾਲ ਪਟਿਆਲਾ ਜ਼ਿਲ੍ਹਾ ਸਭ ਤੋਂ ਅੱਗੇ ਏ।

ਜਿੱਥੋਂ ਤੱਕ ਅਦਾਇਗੀਆਂ ਦਾ ਸਬੰਧ ਏ, ਕਿਸਾਨਾਂ ਨੂੰ 36 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਅਦਾਇਗੀ ਕੀਤੀ ਜਾ ਚੁੱਕੀ ਏ।

--------------------------------------------------

ਪੰਜਾਬ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਐਲਾਨ ਕੀਤੈ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਹੁਣ ਬਿਨੈਕਾਰਾਂ ਵਲੋਂ ਲਾਜ਼ਮੀ ਗਰੰਟੀ ਭਰਨ ਤੋਂ ਬਾਅਦ ਕੋਈ ਇਤਰਾਜ਼ ਨਾ ਹੋਣ ਬਾਰੇ ਸਰਟੀਫੀਕੇਟ (NOC) ਤੋਂ ਬਿਨਾਂ ਹੀ ਬਿਜਲੀ ਕੁਨੈਕਸ਼ਨ ਜਾਰੀ ਕਰੇਗਾ। ਉਨ੍ਹਾਂ ਕਿਹਾ ਕਿ ਇਹ ਕਦਮ, ਨਾਗਰਿਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ ਤਾਂ ਜੋ ਕਾਨੂੰਨੀ ਪ੍ਰਕਿਰਿਆਵਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾ ਸਕੇ।

ਸ੍ਰੀ ਅਰੋੜਾ ਨੇ ਕਿਹਾ ਕਿ ਪਹਿਲਾਂ, ਬਿਨੈਕਾਰਾਂ ਨੂੰ ਬਿਜਲੀ ਕੁਨੈਕਸ਼ਨ ਲੈਣ ਤੋਂ ਪਹਿਲਾਂ ਸਥਾਨਕ ਅਧਿਕਾਰੀਆਂ ਵਲੋਂ ਜਾਰੀ NOC, ਰੈਗੂਲਰਾ-ਈਜ਼ੇਸ਼ਨ ਸਰਟੀਫਿਕੇਟ ਜਾਂ ਮਨਜ਼ੂਰਸ਼ੁਦਾ ਇਮਾਰਤ

ਯੋਜਨਾ ਵਰਗੀਆਂ ਪ੍ਰਵਾਨਗੀਆਂ ਜਮ੍ਹਾਂ ਕਰਾਉਣੀਆਂ ਪੈਂਦੀਆਂ ਸਨ। ਵੱਖ-ਵੱਖ ਵਿਭਾਗਾਂ ਤੋਂ ਇਨ੍ਹਾਂ ਪ੍ਰਵਾਨਗੀਆਂ ਉਪਲਬਧ ਨਾ ਹੋਣ ਜਾਂ ਦੇਰੀ ਹੋਣ ਕਾਰਨ, ਲੋਕਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਸੋਧੀਆਂ ਹਦਾਇਤਾਂ ਮੁਤਾਬਕ, ਜੇਕਰ ਬਿਨੈਕਾਰ ਵੱਲੋਂ ਹਲਫਨਾਮਾ ਦਿੱਤਾ ਜਾਏਗਾ ਕਿ ਕਿਸੇ ਵੀ ਯੋਗ ਅਥਾਰਟੀ ਵਲੋਂ ਬਾਅਦ ਵਿੱਚ ਇਮਾਰਤ ਨੂੰ ਗੈਰ-ਕਾਨੂੰਨੀ ਜਾਂ ਅਣ-ਅਧਿਕਰਿਤ ਐਲਾਨਣ ਦੀ ਸੂਰਤ ਵਿੱਚ ਉਸਦਾ ਬਿਜਲੀ ਕਨੈਕਸ਼ਨ ਕੱਟਿਆ ਜਾ ਸਕਦਾ ਏ ਤਾਂ ਸਪਲਾਈ ਕੋਡ 2024 ਦੇ ਲਾਗੂ ਉਪਬੰਧਾਂ ਤਹਿਤ ਬਿਜਲੀ ਸਪਲਾਈ ਕਨੈਕਸ਼ਨ ਜਾਰੀ ਕੀਤੇ ਜਾਣਗੇ।

---------------------------------------------------

ਡਿਜੀਟਲ ਲਾਈਫ ਸਰਟੀਫਿਕੇਟ ਮੁਹਿੰਮ 4.0 ਦੇ ਹਿੱਸੇ ਵਜੋਂ, ਪੈਨਸ਼ਨਰਾਂ ਦੀ ਸਹੂਲਤ ਲਈ, ਅੱਜ ਉੱਤਰੀ ਰੇਲਵੇ ਦੇ ਫਿਰੋਜ਼ਪੁਰ ਡਿਵੀਜ਼ਨ ਦੇ ਆਡੀਟੋਰੀਅਮ ਵਿੱਚ ਇੱਕ ਵਿਸ਼ੇਸ਼ ਕੈਂਪ ਲਾਇਆ ਗਿਆ। ਇਸ ਕੈਂਪ ਦਾ ਉਦੇਸ਼ ਪੈਨਸ਼ਨਰਾਂ ਨੂੰ ਆਪਣਾ ਜੀਵਨ ਪ੍ਰਮਾਣ ਪੱਤਰ ਡਿਜੀਟਲ ਤਰੀਕੇ ਨਾਲ ਪ੍ਰਾਪਤ ਕਰਨ ਦਾ ਇੱਕ ਆਸਾਨ ਤਰੀਕਾ ਪ੍ਰਦਾਨ ਕਰਨਾ ਸੀ, ਜਿਸ ਨਾਲ ਮੁਸ਼ਕਲ ਰਹਿਤ ਪੈਨਸ਼ਨ ਭੁਗਤਾਨ ਯਕੀਨੀ ਬਣਾਇਆ ਜਾ ਸਕੇ। ਕੈਂਪ ਵਿੱਚ ਪੈਨਸ਼ਨਰਾਂ ਨੂੰ ਜੀਵਨ ਸਰਟੀਫਿਕੇਟ ਨੂੰ ਆਸਾਨੀ ਨਾਲ ਡਾਊਨਲੋਡ ਕਰਨ ਦਾ ਤਰੀਕਾ ਸਮਝਾਇਆ ਗਿਆ । ਪੈਨਸ਼ਨਰ ਬੈਂਕ ਜਾਂ ਡਾਕਘਰ ਵਿੱਚ ਜਾਏ ਬਿਨਾਂ ਜੀਵਨ ਪ੍ਰਮਾਣ ਐਪ ਰਾਹੀਂ ਆਪਣਾ ਡਿਜੀਟਲ ਜੀਵਨ ਪ੍ਰਮਾਣ ਪੱਤਰ ਆਸਾਨੀ ਨਾਲ ਜਮ੍ਹਾਂ ਕਰਵਾ ਸਕਦੇ ਨੇ.

------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਪਾਣੀ ਦੀ ਉਪਲਬਧਤਾ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਾਰਿਆਂ ਨੂੰ ਰਲ ਕੇ ਕੰਮ ਕਰਨ ਦੀ ਅਪੀਲ ਕੀਤੀ ਏ ।

- ਫਸਲ ਨੂੰ ਜੰਗਲੀ ਜਾਨਵਰਾਂ ਦੇ ਹਮਲਿਆਂ ਅਤੇ ਪਾਣੀ ਕਾਰਨ ਹੋਣ ਵਾਲੇ ਨੁਕਸਾਨ ਨੂੰ ਹੁਣ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਹੇਠ ਲਿਆਂਦਾ ਗਿਆ.

- ਨਸ਼ਾ ਮੁਕਤ ਭਾਰਤ ਅਭਿਆਨ ਦੇ ਪੰਜ ਸਾਲ ਪੂਰੇ ਹੋਣ ‘ਤੇ ਵਿਸ਼ੇਸ਼ ਸਮਾਗਮ ਅੰਮ੍ਰਿਤਸਰ ‘ਚ ਆਯੋਜਿਤ. ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਕੇਂਦਰੀ ਮੰਤਰੀ ਡਾ. ਵਰਿੰਦਰ ਕੁਮਾਰ ਨੇ ਸਮਾਗਮ ‘ਚ ਕੀਤੀ ਸ਼ਿਰਕਤ.

- ਦੇਸ਼ ਦਾ ਪਹਿਲਾ ਐਸ.ਸੀ. ਕਮਿਸ਼ਨ ਕੋਰਟ ਰੂਮ ਚੰਡੀਗੜ੍ਹ 'ਚ ਸ਼ੁਰੂ ਹੋਣ ਨਾਲ ਪੰਜਾਬ ਨੇ ਰਚਿਆ ਇਤਿਹਾਸ.

- ਪੰਜਾਬ ਦੀਆਂ ਮੰਡੀਆਂ ਵਿੱਚ ਸੁਚਾਰੂ ਅਤੇ ਢੁਕਵੇਂ ਬੁਨਿਆਦੀ ਢਾਂਚੇ ਸਦਕਾ ਝੋਨੇ ਦੀ ਚੁਕਾਈ ਦਾ ਅੰਕੜਾ 150 ਲੱਖ ਮੀਟਰਿਕ ਟਨ ਨੂੰ ਪਾਰ ਕਰ ਗਿਆ ਏ ।

-------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**